**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਕਮ**
**ਸਟੇਟ ਪ੍ਰੋਜੈਕਟ ਡਾਇਰੈਕਟਰ,**
**ਸਰਵ ਸਿੱਖਿਆ ਅਭਿਆਨ ਅਥਾਰਿਟੀ,**
**ਐਸ.ਸੀ.ਓ. ਨੰ 104-106, ਸੈਕਟਰ 34-ਏ, ਚੰਡੀਗੜ੍ਹ ।**

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
2. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)
3. ਰਾਜ ਦੇ ਸਮੂਹ ਸਕੂਲ ਮੁੱਖੀ (ਵੈੱਬ ਸਾਈਟ ਰਾਹੀਂ)
4. ਰਾਜ ਦੇ ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਅਤੇ ਸੈਂਟਰ ਹੈੱਡ ਟੀਚਰ (ਵੈੱਬ ਸਾਈਟ ਰਾਹੀਂ)

ਮੀਮੋ ਨੰ ਸਸਅ/ਡੀ.ਡੀ.ਪੀ/41164-41205
ਮਿਤੀ ਚੰਡੀਗੜ੍ਹ 3 ਸਤੰਬਰ, 2010

**ਵਿਸ਼ਾ** **ਸਕੂਲ ਵਿੱਚ ਪੜ੍ਹਦੀਆਂ ਬੱਚਿਆਂ ਦਾ ਅਧਿਆਪਕਾਂ ਵੱਲੋਂ ਯੌਨ ਸ਼ੋਸ਼ਨ ਕਰਨ ਬਾਰੇ ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਇਹ ਆਮ ਤੌਰ ਤੇ ਧਿਆਨ ਵਿੱਚ ਆਇਆ ਹੈ ਕਿ ਕਈ ਸਕੂਲਾਂ ਵਿੱਚ ਪੜ੍ਹਣ ਵਾਲੀਆ ਲੜਕੀਆਂ ਦਾ ਅਧਿਆਪਕ ਜਾਂ ਦੂਜੇ ਸਟਾਫ ਵੱਲੋਂ ਕਈ ਵਾਰ ਯੌਨ ਸ਼ੋਸ਼ਨ ਜਾਂ ਇਸ ਤਰ੍ਹਾਂ ਦੀਆਂ ਹੋਰ ਘਟਨਾਵਾਂ ਵਾਪਰਦੀਆਂ ਹਨ । ਇਨ੍ਹਾਂ ਘਟਨਾਵਾਂ ਨੂੰ ਸਰਕਾਰ ਨੇ ਬੜੀ ਗੰਭੀਰਤਾ ਨਾਲ ਲਿਆ ਹੈ । ਇਹੋ ਜਿਹੇ ਕੇਸਾਂ ਵਿੱਚ ਅਧਿਆਪਕ ਜਾਂ ਹੋਰ ਅਮਲੇ ਨਾਲ ਕਿਸੇ ਵੀ ਹਾਲਤ ਵਿੱਚ ਨਰਮੀ ਦਾ ਵਤੀਰਾ ਨਹੀਂ ਕੀਤਾ ਜਾ ਸਕਦਾ । ਇਸ ਸਬੰਧ ਵਿੱਚ ਸਕੂਲ ਮੁੱਖੀ ਦੀ ਬਹੁਤ ਵੱਡੀ ਜਿੰਮੇਵਾਰੀ ਬਣ ਜਾਂਦੀ ਹੈ ।

3.0 ਉਪਰੋਕਤ ਦੇ ਸਨਮੁੱਖ ਆਪ ਨੂੰ ਲਿਖਿਆ ਜਾਂਦਾ ਹੈ ਕਿ ਅਜਿਹੀਆਂ ਘਟਨਾਵਾਂ ਤੱਦ ਹੀ ਵਾਪਰਦੀਆਂ ਹਨ ਜੱਦ ਕਿ ਸਕੂਲਾਂ ਵਿਖੇ ਅਨੁਸ਼ਾਸਨ ਦੀ ਘਾਟ ਹੋਵੇ ਅਤੇ ਅਧਿਆਪਕਾਂ ਵੱਲੋਂ ਬੱਚਿਆਂ ਦੀ ਪੜ੍ਹਾਈ ਵੱਲ ਧਿਆਨ ਨਾ ਦਿੱਤਾ ਜਾਵੇ । ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪ ਦੇ ਅਧੀਨ ਆਉਂਦੇ ਸਕੂਲਾਂ ਵਿੱਚ ਅਨੁਸ਼ਾਸਨ ਵੱਲ ਪੂਰਾ-ਪੂਰਾ ਧਿਆਨ ਦਿੰਦੇ ਹੋਏ ਅਜਿਹੀਆਂ ਘਟਨਾਵਾਂ ਨੂੰ ਵਾਪਰਨ ਤੋਂ ਰੋਕਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾਵੇ । ਜੇਕਰ ਕੋਈ ਅਜਿਹੀ ਮੰਦਭਾਗੀ ਘਟਨਾ ਵਾਪਰਦੀ ਹੈ ਤਾਂ ਉਸ ਦੀ ਤਹਿ ਤੱਕ ਪਹੁੰਚਦੇ ਹੋਏ ਦੋਸੀ ਅਧਿਆਪਕ ਨੂੰ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ ।

4.0 ਸਾਰੀਆਂ ਸਾਵਧਾਨੀਆਂ ਵਰਤਣ ਦੇ ਬਾਵਜੂਦ ਵੀ ਜੇਕਰ ਇਹੋ ਜਿਹੀ ਕੋਈ ਘਟਨਾ ਵਾਪਰਦੀ ਹੈ ਤਾਂ ਸਕੂਲ ਮੁੱਖੀਆਂ ਦੀ ਡਿਉਟੀ ਬਣਦੀ ਹੈ ਕਿ ਉਹ ਇਹੋ ਜਿਹੇ ਕੇਸਾਂ ਵਿੱਚ ਪੁਲਿਸ ਸਟੇਸ਼ਨ ਵਿੱਚ ਖੁਦ ਜਾ ਕੇ ਅਧਿਆਪਕ ਜਾਂ ਨਾਨ-ਟੀਚਿੰਗ ਅਮਲੇ ਦੇ ਕਰਮਚਾਰੀ ਵਿਰੁੱਧ ਐਫ.ਆਈ.ਆਰ. ਦਰਜ਼ ਕਰਾਵੇ ਅਤੇ ਬਿਨਾਂ ਕਿਸੇ ਦੇਰੀ ਦੇ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਸੂਚਿਤ ਕਰੇ ਜੋ ਪੁਲਿਸ ਵਿਭਾਗ ਨਾਲ ਰਾਬਤਾ ਰੱਖ ਕੇ ਕਾਰਵਾਈ ਕਰੇਗਾ । ਇਸ ਦੇ ਨਾਲ ਇਹੋ ਜਿਹੇ ਅਧਿਆਪਕਾਂ ਦੇ ਵਿਰੁੱਧ ਤੁਰੰਤ ਕਾਰਵਾਈ ਕਰਨ ਲਈ ਵੀ ਬਿਨਾਂ ਕਿਸੇ ਦੇਰੀ ਦੇ ਮੁੱਖ ਦਫਤਰ ਨੂੰ ਸੂਚਿਤ ਕਰੇਗਾ ।

5.0 ਇਨ੍ਹਾਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਪਿਠ ਅੰਕਣ ਨੰਸਸਅ/ਡੀ.ਡੀ.ਪੀ/41206-41231 ਮਿਤੀ 3.9.10

ਇਸ ਦਾ ਉਤਾਰਾ ਹੇਠਾ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

(1) ਰਾਜ ਦੇ ਸਮੂਹ ਡਿਪਟੀ ਕਮਿਸ਼ਨਰ

(2) ਰਾਜ ਦੇ ਸਮੂਹ ਸੀਨੀਅਰ ਸੁਪਰਡੰਟ ਆਫ ਪੁਲਿਸ

(3) ਡਾਇਰੈਕਟਰ ਸਿੱਖਿਆ ਵਿਭਾਗ ਪੰਜਾਬ (ਸੈ.ਸਿ.) ਅਤੇ (ਐ.ਸਿ.) ਚੰਡੀਗੜ੍ਹ

(4) ਮੰਡਲ ਸਿੱਖਿਆ ਅਫਸਰ, ਜਲੰਧਰ/ਨਾਭਾ/ਫਰੀਦਕੋਟ

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ